# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :11-06-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ।**

- ਸਰਵਉੱਚ ਅਦਾਲਤ ਨੇ ਇੱਕ ਇਤਿਹਾਸਕ ਫ਼ੈਸਲੇ ਵਿੱਚ ਕਿਹਾ - ਘਰੇਲੂ ਔਰਤਾਂ ਦਾ ਕੰਮ ਸਿਰਫ਼ ਘਰੇਲੂ ਕੰਮਕਾਜ ਤਕ ਸੀਮਿਤ ਨਹੀਂ- ਉਨ੍ਹਾਂ ਦਾ ਪਰਿਵਾਰਾਂ ਅਤੇ ਆਉਣ ਵਾਲੀਆਂ ਪੀੜੀਆਂ ਦੇ ਨਿਰਮਾਣ ਵਿੱਚ ਬੇਮਿਸਾਲ ਯੋਗਦਾਨ ਏ।

- ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ, ਤਰੁਣ ਚੁੱਘ, ਮੱਧ ਪ੍ਰਦੇਸ਼ ਤੋਂ ਰਾਜ ਸਭਾ ਲਈ ਬਿਨਾਂ ਮੁਕਾਬਲਾ ਚੁਣੇ ਗਏ ਨੇ।

- ਹਰਿਆਣਾ ਸਰਕਾਰ ਨੇ ਸੂਬੇ ਭਰ ਦੇ ਸਕੂਲਾਂ ਦੇ 8ਵੀਂ ਜਮਾਤ ਦੇ ਇਤਿਹਾਸ ਦੇ ਪਾਠਕ੍ਰਮ ਵਿੱਚ ਸਿੱਖ ਗੁਰੂਆਂ ਅਤੇ ਬਾਬਾ ਬੰਦਾ ਸਿੰਘ ਬਹਾਦਰ ਦਾ ਇਤਿਹਾਸ ਸ਼ਾਮਲ ਕੀਤਾ ।

- ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵਲੋਂ ਬਠਿੰਡਾ ਵਿੱਚ 140 ਕੁਇੰਟਲ ਗ਼ੈਰ-ਕਾਨੂੰਨੀ ਖਾਦ ਜ਼ਬਤ-ਅਫ਼ਸਰਾਂ ਨੂੰ ਅਚਨਚੇਤ ਚੈਕਿੰਗ ਵਿੱਚ ਤੇਜ਼ੀ ਲਿਆਉਣ ਦੇ ਹੁਕਮ।

- ਫ਼ਰੀਦਕੋਟ-ਫਿਰੋਜ਼ਪੁਰ ਸੜਕ 'ਤੇ ਇਕ ਕਾਰ ਅਤੇ ਮੋਟਰਸਾਈਕਲ ਦੀ ਟੱਕਰ 'ਚ ਇਕੋ ਪਰਿਵਾਰ ਦੇ ਤਿੰਨ ਜਣਿਆਂ ਦੀ ਮੌਤ -ਦੋ ਗੰਭੀਰ ਜਖਮੀ । ਅਤੇ

- ਮੌਸਮ ਵਿਭਾਗ ਵਲੋਂ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਅੱਜ ਤੇ ਕੱਲ ਲਈ ਗਰਜ-ਚਮਕ ਦੇ ਨਾਲ ਗੜੇਮਾਰੀ ਹੋਣ ਬਾਰੇ ਓਰੇਂਜ ਅਲਰਟ ਜਾਰੀ ।

**ਹੁਣ ਖ਼ਬਰਾਂ ਵਿਸਥਾਰ ਨਾਲ।**

ਸਰਵਉੱਚ ਅਦਾਲਤ ਨੇ ਇੱਕ ਇਤਿਹਾਸਕ ਫ਼ੈਸਲੇ ਵਿੱਚ ਕਿਹਾ ਏ ਕਿ ਘਰੇਲੂ ਔਰਤਾਂ ਦਾ ਕੰਮ ਸਿਰਫ਼ ਘਰੇਲੂ ਕੰਮਕਾਜ ਤਕ ਸੀਮਿਤ ਨਹੀਂ, ਸਗੋਂ ਉਹ ਪਰਿਵਾਰਾਂ ਅਤੇ ਆਉਣ ਵਾਲੀਆਂ ਪੀੜੀਆਂ ਦੇ ਨਿਰਮਾਣ ਵਿੱਚ ਬੇਮਿਸਾਲ ਯੋਗਦਾਨ ਦਿੰਦੀਆਂ ਨੇ। ਅਦਾਲਤ ਨੇ ਕਿਹਾ ਕਿ ਘਰ ਦਾ ਪ੍ਰਬੰਧਨ ਕਰਨ ਵਾਲੀ ਔਰਤਾਂ ਨੂੰ ਸਿਰਫ਼ 'ਘਰੇਲੂ ਔਰਤਾਂ' ਕਹਿ ਕੇ ਸੰਬੋਧਨ ਨਹੀਂ ਕੀਤਾ ਜਾਣਾ ਚਾਹੀਦਾ , ਕਿਉਕਿ ਇਹ ਸ਼ਬਦ ਸਮਾਜ

ਵਿੱਚ, ਉਨ੍ਹਾਂ ਦੇ ਯੋਗਦਾਨ ਨੂੰ ਕਮਜ਼ੋਰ ਕਰਦਾ ਏ। ਜਸਟਿਸ ਸੰਜੇ ਕਰੋਲ ਅਤੇ ਐਨ. ਕੋਟੀਸ਼ਵਰ ਸਿੰਘ ਦੇ ਬੈਂਚ ਨੇ ਜ਼ੋਰ ਦੇ ਕੇ ਕਿਹਾ ਕਿ ਦੇਖਭਾਲ ਅਤੇ ਘਰ ਦੇ ਪ੍ਰਬੰਧਨ ਸਮੇਤ ਘਰੇਲੂ ਕੰਮ ਬਹੁਤ ਮਹੱਤਵਪੂਰਨ ਏ। ਇਹ ਫੈਸਲਾ ਪੰਜਾਬ ਵਿੱਚ ਇੱਕ ਵਾਹਨ ਹਾਦਸੇ ਨਾਲ ਸਬੰਧਤ ਏ ਜਿੱਥੇ ਨਵੰਬਰ 2001 ਵਿੱਚ ਇੱਕ ਔਰਤ ਦੀ ਸੜਕ ਹਾਦਸੇ ਵਿੱਚ ਮੌਤ ਹੋ ਗਈ ਸੀ।

------------------------------------------------------

ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ, ਤਰੁਣ ਚੁੱਘ, ਮੱਧ ਪ੍ਰਦੇਸ਼ ਤੋਂ ਰਾਜ ਸਭਾ ਲਈ ਬਿਨਾਂ ਮੁਕਾਬਲਾ ਚੁਣੇ ਗਏ ਨੇ। ਨਤੀਜਿਆਂ ਦੇ ਐਲਾਨ ਤੋਂ ਬਾਅਦ ਰਿਟਰਨਿੰਗ ਅਫਸਰ ਨੇ ਚੋਣ ਦਾ ਅਧਿਕਾਰਤ ਸਰਟੀਫਿਕੇਟ ਸੌਂਪਿਆ। BJP ਦੇ ਰਾਸ਼ਟਰੀ ਢਾਂਚੇ ਵਿੱਚ ਇੱਕ ਪ੍ਰਮੁੱਖ ਪੰਜਾਬੀ ਚਿਹਰਾ ਅਤੇ ਅੰਮ੍ਰਿਤਸਰ ਦੇ ਇੱਕ ਸੀਨੀਅਰ ਨੇਤਾ, ਸ਼੍ਰੀ ਚੁੱਘ ਤੋਂ, ਹੁਣ ਸੰਸਦ ਵਿੱਚ ਮੱਧ ਪ੍ਰਦੇਸ਼ ਨਾਲ ਸਬੰਧਤ ਮੁੱਦੇ ਉਠਾਉਣ ਅਤੇ ਆਪਣੇ ਗ੍ਰਹਿ ਰਾਜ ਪੰਜਾਬ ਦੀਆਂ ਉਮੀਦਾਂ 'ਤੇ ਖਰਾ ਉਤਰਨ ਦੀ ਦੋਹਰੀ ਜ਼ਿੰਮੇਵਾਰੀ ਲੈਣ ਦੀ ਉਮੀਦ ਏ।

------------------------------------------------------

ਹਰਿਆਣਾ ਸਰਕਾਰ ਨੇ ਸੂਬੇ ਭਰ ਦੇ ਸਕੂਲਾਂ ਦੇ 8ਵੀਂ ਜਮਾਤ ਦੇ ਇਤਿਹਾਸ ਦੇ ਪਾਠਕ੍ਰਮ ਵਿੱਚ ਸਿੱਖ ਗੁਰੂਆਂ ਅਤੇ ਬਾਬਾ ਬੰਦਾ ਸਿੰਘ

ਬਹਾਦਰ ਦਾ ਇਤਿਹਾਸ ਸ਼ਾਮਲ ਕੀਤਾ ਏ। ਸਕੂਲੀ ਵਿਦਿਆਰਥੀਆਂ ਨੂੰ ਹੁਣ ਸਿੱਖ ਗੁਰੂਆਂ ਦੇ ਨਾਲ-ਨਾਲ ਬਾਬਾ ਬੰਦਾ ਸਿੰਘ ਬਹਾਦਰ ਦੀਆਂ ਕੁਰਬਾਨੀਆਂ, ਸ਼ਹਾਦਤ, ਆਦਰਸ਼ਾਂ ਅਤੇ ਸਥਾਈ ਵਿਰਾਸਤ ਬਾਰੇ ਜਾਣਨ ਦਾ ਮੌਕਾ ਮਿਲੇਗਾ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ - ਹਰਿਆਣਾ ਵਿੱਚ ਆਯੋਜਿਤ 'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ 350ਵੀਂ ਸ਼ਹੀਦੀ ਪੁਰਬ ਦੌਰਾਨ - ਐਲਾਨ ਕੀਤਾ ਸੀ ਕਿ ਸਿੱਖ ਇਤਿਹਾਸ, ਗੁਰੂਆਂ ਦੀਆਂ ਸਿੱਖਿਆਵਾਂ ਅਤੇ ਉਨ੍ਹਾਂ ਦੀਆਂ ਬੇਮਿਸਾਲ ਕੁਰਬਾਨੀਆਂ ਨੂੰ ਸਕੂਲ ਸਿੱਖਿਆ ਵਿੱਚ ਸ਼ਾਮਲ ਕੀਤਾ ਜਾਵੇਗਾ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਇਸ ਅਮੀਰ ਵਿਰਾਸਤ ਤੋਂ ਜਾਣੂ ਹੋ ਸਕਣ। ਸ੍ਰੀ ਸੈਣੀ ਨੇ ਕਿਹਾ ਕਿ ਸਾਰੇ ਸਿੱਖ ਗੁਰੂਆਂ ਨੇ ਮਨੁੱਖਤਾ, ਸਮਾਨਤਾ, ਨਿਰਸਵਾਰਥ ਸੇਵਾ, ਦਇਆ, ਭਾਈਚਾਰਾ ਅਤੇ ਸਮਾਜਿਕ ਨਿਆਂ ਦੀਆਂ ਕਦਰਾਂ ਕੀਮਤਾਂ ਦਾ ਪ੍ਰਚਾਰ ਕੀਤਾ। ਉਨ੍ਹਾਂ ਸਮਾਜ ਨੂੰ ਜਾਤ, ਧਰਮ ਅਤੇ ਵਰਗ ਦੀਆਂ ਵੰਡਾਂ ਤੋਂ ਉੱਪਰ ਉੱਠਣ ਅਤੇ ਮਨੁੱਖਤਾ ਦੀ ਭਲਾਈ ਲਈ ਕੰਮ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸਿੱਖ ਗੁਰੂਆਂ ਦੀਆਂ ਸਿੱਖਿਆਵਾਂ ਅੱਜ ਵੀ ਓਨੀਆਂ ਹੀ ਪ੍ਰਸੰਗਿਕ ਨੇ  ਕਿਉਂਕਿ ਉਹ ਸਮਾਜਿਕ ਸਦਭਾਵਨਾ, ਨੈਤਿਕ ਕਦਰਾਂ-ਕੀਮਤਾਂ ਅਤੇ ਰਾਸ਼ਟਰੀ ਏਕਤਾ ਨੂੰ ਮਜ਼ਬੂਤ ਕਰਨ ਲਈ ਮਾਰਗ-ਦਰਸ਼ਨ ਪ੍ਰਦਾਨ ਕਰਦੀਆਂ ਨੇ ।

---------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਗੁਲਾਬ ਚੰਦ ਕਟਾਰੀਆ ਨੇ ਅੱਜ ਸੁਖਨਾ ਚੋਅ ਵਣ ਖੇਤਰ ਵਿੱਚ ਤਜਵੀਜ਼ਸ਼ੁਦਾ ਸਿਟੀ ਫਾਰੈਸਟ ਡਿਵੈਲਪਮੈਂਟ ਪ੍ਰੋਜੈਕਟ ਦੀ ਸਮੀਖਿਆ ਕੀਤੀ ।ਰਾਜਪਾਲ ਨੇ ਸਬੰਧਿਤ ਵਿਭਾਗਾਂ ਨੂੰ ਚੁਗਿਰਦਾ ਸੁਰੱਖਿਆ ਉਪਾਵਾਂ ਅਤੇ ਸੰਭਾਲ਼ ਸਿਧਾਂਤਾਂ ਦਾ ਪੂਰੀ ਤਰ੍ਹਾਂ ਪਾਲਣ ਕਰਦੇ ਹੋਏ ਇਸ ਪ੍ਰੋਜੈਕਟ ਨੂੰ ਸਮਾਂਬੱਧ ਤਰੀਕੇ ਨਾਲ ਲਾਗੂ ਕਰਨ ਦੇ ਨਿਰਦੇਸ਼ ਦਿੱਤੇ। ਤਜਵੀਜ਼ਸ਼ੁਦ ਸਿਟੀ ਫਾਰੈਸਟ ਦੀ ਯੋਜਨਾ ਚੌਗਿਰਦਾ ਸੰਭਾਲ਼, ਪ੍ਰਕ੍ਰਿਤੀ-ਅਧਾਰਿਤ ਸਿੱਖਿਆ ਅਤੇ ਨਿਰੰਤਰ ਰਹਿਣ ਯੋਗ ਈਕੋ-ਟੂਰਿਜ਼ਮ ਨੂੰ ਹੁਲਾਰਾ ਦੇਣ ਲਈ ਇੱਕ ਮਹੱਤਵਪੂਰਨ ਪਹਿਲ ਦੇ ਰੂਪ ਵਿੱਚ ਕੀਤੀ ਗਈ ਏ। ਇਸ ਪ੍ਰੋਜੈਕਟ ਦਾ ਉਦੇਸ਼ ਨਾਗਰਿਕਾਂ ਵਿੱਚ ਵਣਾਂ, ਵਣਜੀਵਾਂ ਅਤੇ ਚੌਗਿਰਦੇ ਦੀ ਸੰਭਾਲ਼ ਬਾਰੇ ਜਾਗਰੂਕ ਕਰਨਾ ਏ । ਪ੍ਰੋਜੈਕਟ ਤਹਿਤ ਤਜਵੀਜ਼ਸ਼ੁਦਾ ਵਿਕਾਸ ਕਾਰਜਾਂ ਵਿੱਚ ਚੁਗਿਰਦੇ ਪ੍ਰਤੀ ਸੁਖਾਵੀਂ ਅਤੇ ਨਿਰੰਤਰ ਰਹਿਣ ਯੋਗ ਸਮੱਗਰੀ ਦੀ ਵਰਤੋਂ ਕੀਤੀ ਜਾਵੇਗੀ ਤਾਂ ਕਿ ਚੁਗਿਰਦੇ ਤੰਤਰ 'ਤੇ ਘੱਟੋ-ਘੱਟ ਪ੍ਰਭਾਵ ਪਵੇ ਅਤੇ ਵਣ ਖੇਤਰ ਦੇ ਕੁਦਰਤੀ ਸਰੂਪ ਨੂੰ ਸੁਰੱਖਿਅਤ ਰੱਖਿਆ ਜਾ ਸਕੇ। ਰਾਜਪਾਲ ਨੇ ਪ੍ਰੋਜੈਕਟ ਦੀ ਯੋਜਨਾ ਤਿਆਰ ਕਰਨ ਵਿੱਚ ਵਣ ਵਿਭਾਗ, ਸ਼ਹਿਰੀ ਯੋਜਨਾ ਵਿਭਾਗ ਅਤੇ ਇੰਜੀਨੀਅਰਿੰਗ ਵਿਭਾਗ ਦੇ ਸਾਂਝੇ ਯਤਨਾਂ ਦੀ

ਸ਼ਲਾਘਾ ਕੀਤੀ ਅਤੇ ਇਸ ਨੂੰ ਸਫ਼ਲਤਾ ਨਾਲ ਲਾਗੂ ਕਰਨ ਲਈ ਸਾਰੇ ਹਿੱਤਧਾਰਕਾਂ ਦਰਮਿਆਨ ਤਾਲਮੇਲ ਬਣਾਈ ਰੱਖਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।

---------------------------------------------------

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਨੇ ਗ਼ੈਰ-ਕਾਨੂੰਨੀ ਖਾਦਾਂ ਦੀ ਵਿਕਰੀ ‘ਤੇ ਨਕੇਲ ਕੱਸਦਿਆਂ ਬਠਿੰਡਾ ਵਿੱਚ 140 ਕੁਇੰਟਲ ਗੈਰ-ਕਾਨੂੰਨੀ ਖਾਦ ਜ਼ਬਤ ਕੀਤੀ ਏ । ਇਸ ਸਬੰਧੀ ਫਰਟੀਲਾਈਜ਼ਰ ਕੰਟਰੋਲ ਆਰਡਰ, 1985 ਅਤੇ ਜ਼ਰੂਰੀ ਵਸਤਾਂ ਐਕਟ, 1955 ਦੀ ਉਲੰਘਣਾ ਦੇ ਦੋਸ਼ ਹੇਠ ਮਹਾਰਾਸ਼ਟਰ ਦੇ ਥਾਨੇ ਸਥਿਤ ਕੰਪਨੀ ਮੈਸਰਜ਼ ਕੇ ਬੀ ਬਾਇਓ-ਆਰਗੈਨਿਕਸ ਪ੍ਰਾਈਵੇਟ ਲਿਮਟਿਡ ਖਿਲਾਫ ਮਾਮਲਾ ਦਰਜ ਕੀਤਾ ਗਿਆ ਏ । ਬਠਿੰਡਾ ਵਿਖੇ ਦਰਜ ਮਾਮਲੇ ਵਿੱਚ ਉਤਰ ਪ੍ਰਦੇਸ਼ ਦੇ ਮੁਜ਼ੱਫਰ ਨਗਰ ਵਾਸੀ ਰਵੀ ਕੁਮਾਰ ਅਤੇ ਮਹਾਰਾਸ਼ਟਰ ਦੇ ਸਾਬਲੇ ਅਸ਼ਾਂਤ ਹਨੂਮੰਤ ਨੂੰ ਨਾਮਜ਼ਦ ਕੀਤਾ ਗਿਆ ਏ । ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਖੇਤੀਬਾੜੀ ਵਿਭਾਗ ਦੀ ਟੀਮ ਵੱਲੋਂ ਗੁਪਤ ਸੂਚਨਾ ਦੇ ਅਧਾਰ ‘ਤੇ ਬਠਿੰਡਾ ਵਿਖੇ ਗਣਪਤੀ ਕੰਪਲੈਕਸ ਸਥਿਤ ਇਕ ਗੋਦਾਮ 'ਤੇ ਛਾਪਾ ਮਾਰਿਆ ਗਿਆ ਸੀ। ਟੀਮ ਨੇ ਪਾਇਆ ਕਿ ਭੰਡਾਰ ਕੀਤੀਆਂ ਖਾਦਾਂ ਨਿਰਧਾਰਤ ਮਾਪਦੰਡਾਂ ਮੁਤਾਬਿਕ ਨਹੀਂ ਸਨ। ਕੰਪਨੀ ਕੋਲ ਖਾਦ

ਲਾਇਸੰਸ ਵੀ ਨਹੀਂ ਸੀ ਅਤੇ ਉਹ ਕੀਟਨਾਸ਼ਕਾਂ ਦੇ ਕਾਰੋਬਾਰ ਲਈ ਜਾਰੀ ਲਾਇਸੰਸ ਉੱਤੇ ਗ਼ੈਰਕਾਨੂੰਨੀ ਢੰਗ ਨਾਲ ਖਾਦਾਂ ਵੇਚ ਰਹੀ ਸੀ । ਸ੍ਰੀ ਖੁੱਡੀਆਂ ਨੇ ਕਿਹਾ ਕਿ 140 ਕੁਇੰਟਲ ਗੈਰ-ਕਾਨੂੰਨੀ ਖਾਦਾਂ ਸੈਂਕੜੇ ਏਕੜ ਫਸਲ ਨੂੰ ਖਰਾਬ ਕਰ ਸਕਦੀਆਂ ਸਨ ਅਤੇ ਕਿਸਾਨਾਂ ਨੂੰ ਵਿੱਤੀ ਨੁਕਸਾਨ ਪਹੁੰਚਾ ਸਕਦੀਆਂ ਸਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਿਸੇ ਵੀ ਕੰਪਨੀ ਜਾਂ ਕਿਸੇ ਵੀ ਵਿਅਕਤੀ ਨੂੰ ਪੰਜਾਬ ਵਿੱਚ ਖੇਤੀਬਾੜੀ ਵਸਤਾਂ ਦੀ ਗੁਣਵੱਤਾ ਨਾਲ ਸਮਝੌਤਾ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

---------------------------------------------------------

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੂੰ ਪੰਜਾਬ ਦੇ ਸਰਕਾਰੀ ਕਰਮਚਾਰੀਆਂ, ਅਧਿਕਾਰੀਆਂ ਦੇ ਤਰੱਕੀ ਮਾਮਲਿਆਂ ‘ਚ ਹੱਕਦਾਰਾਂ ਨੂੰ ਨਿਆਂ ਦੇਣ ਲਈ ਰੋਸਟਰ ਰਜਿਸਟਰ ਚੈਕਿੰਗ ਕਮੇਟੀਆਂ ਦੀ ਸਿਖਲਾਈ ਤੁਰੰਤ ਯਕੀਨੀ ਬਣਾਉਣ ਲਈ ਕਿਹਾ । ਇਸਦਾ ਉਦੇਸ਼ ਰੋਸਟਰ ਰਜਿਸਟਰ ਨੂੰ ਨਿਰਧਾਰਤ ਕਾਨੂੰਨ ਅਨੁਸਾਰ ਸਹੀ ਢੰਗ ਨਾਲ ਲਾਗੂ ਕਰਨ ‘ਚ ਹੋਰ ਸਪੱਸ਼ਟਤਾ ਲਿਆਉਣਾ ਏ । ਅੱਜ ਚੰਡੀਗੜ੍ਹ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ੍ਰੀ ਗੜ੍ਹੀ ਨੇ ਕਿਹਾ ਕਿ ਪੁਲਿਸ

ਵਿਭਾਗ ਨੂੰ ਉੱਪ ਕਪਤਾਨ ਅਤੇ ਕਪਤਾਨ ਪੱਧਰ ਦੇ ਅਧਿਕਾਰੀਆਂ ਨੂੰ ਐਸ.ਸੀ.-ਐਸ.ਟੀ. ਐਕਟ ਸਬੰਧੀ ਸਿਖਲਾਈ ਯਕੀਨੀ ਬਣਾਉਣ ਲਈ ਕਿਹਾ ਗਿਆ ਏ ਤਾਂ ਜੋ ਵੱਖ ਵੱਖ  ਜ਼ਿਲ੍ਹਿਆਂ ਵਿੱਚ ਸ਼ਿਕਾਇਤਾਂ ਪ੍ਰਾਪਤ ਹੋਣ ਮਗਰੋਂ ਕੀਤੀ ਜਾਣ ਵਾਲੀ ਪੁਲਿਸ ਕਾਰਵਾਈ ਅਤੇ ਜਾਂਚ ਦੌਰਾਨ ਹੋਰ ਸਪੱਸ਼ਟਤਾ ਆਵੇ ਅਤੇ ਸਬੰਧਤ ਮਾਮਲਿਆਂ ਦਾ ਛੇਤੀ ਨਿਪਟਾਰਾ ਕੀਤਾ ਜਾ ਸਕੇ। ਉਨ੍ਹਾਂ ਵੱਖ-ਵੱਖ ਜ਼ਿਲ੍ਹਿਆਂ ਵਿੱਚ ਨਵੇਂ ਅੰਬੇਦਕਰ ਭਵਨਾਂ ਉਸਾਰੀ ਅਤੇ ਕਾਰਜਸ਼ੀਲ ਭਵਨਾਂ ਦੀ ਸਾਂਭ-ਸੰਭਾਲ ਲਈ ਲੋੜੀਂਦੇ ਕਦਮ ਚੁੱਕਣ ‘ਤੇ ਜ਼ੋਰ ਦਿੰਦਿਆਂ ਜ਼ਮੀਨ ਦੀ ਉਪਲਬਧਤਾ ਅਤੇ ਭਵਨ ਉਸਾਰੀ ਲਈ ਬਜਟ ਦੇ ਪ੍ਰਬੰਧ ਕਰਨ ਲਈ ਵਿੱਤ ਅਤੇ ਸਮਾਜਿਕ ਨਿਆਂ ਵਿਭਾਗ ਨੂੰ ਨਿਰਦੇਸ਼ ਦਿੱਤੇ।

---------------------------------------------------

ਖੇਡਣ ਬਾਰੇ ਕੌਮਾਂਤਰੀ ਦਿਵਸ, ਹਰ ਸਾਲ 11 ਜੂਨ ਨੂੰ ਮਨਾਇਆ ਜਾਂਦਾ ਏ ।  ਇਸਦਾ ਉਦੇਸ਼ ਮਾਪਿਆਂ, ਭਾਈਚਾਰਿਆਂ ਅਤੇ ਸਰਕਾਰਾਂ ਨੂੰ ਯਾਦ ਦਿਵਾਉਣਾ ਏ ਕਿ ਖੇਡਣਾ ਬੱਚਿਆਂ ਦੇ ਵਿਕਾਸ ਦਾ ਇੱਕ ਬੁਨਿਆਦੀ ਹਿੱਸਾ ਏ ,  ਖੇਡਣਾ ਬੱਚਿਆਂ ਲਈ ਕਿੰਨਾ ਜਰੂਰੀ ਏ ਮਾਪਿਆਂ ਨੂੰ ਅਪੀਲ ਕਰਦਿਆਂ ਖੇਡ ਮਾਹਰਾਂ, ਅਧਿਆਪਕਾਂ ਨੇ ਕਿਹਾ ।

BYTE

---------------------------------------------------

ਫ਼ਰੀਦਕੋਟ-ਫਿਰੋਜ਼ਪੁਰ ਸੜਕ 'ਤੇ ਇਕ ਕਾਰ ਅਤੇ ਮੋਟਰਸਾਈਕਲ ਦੀ ਟੱਕਰ ਹੋਣ ਕਾਰਨ ਇਕੋ ਪਰਿਵਾਰ ਦੇ ਤਿੰਨ ਜਣਿਆਂ ਦੀਮੌਤ ਹੋ ਗਈ ਜਦਕਿ ਦੋ ਜਣੇ ਗੰਭੀਰ ਜਖਮੀ ਹੋ ਗਏ ਨੇ । ਸਾਡੇ ਪਰਤਕਾਰ ਨੇ ਦਸਿਆ ਕਿ ਨਜ਼ਦੀਕੀ ਪਿੰਡ ਬੀੜ ਚਹਿਲ  ਦੇ ਰਹਿਣ ਵਾਲੇ ਜਤਿੰਦਰ ਸਿੰਘ ਆਪਣੇ ਪਤਨੀ ਅਤੇ ਬੱਚਿਆਂ ਨਾਲ  ਪਿਪਲੀ ਤੋਂ ਫਰੀਦਕੋਟ ਵਲ ਜਾ ਰਹੇ ਸਨ ਤਾ ਫਰੀਦਕੋਟ ਤਰਫੋਂ ਆਉਂਦੀ  ਇਕ ਤੇਜ਼ ਰਫਤਾਰ ਕਾਰ ਨੇ ਉਨ੍ਹਾਂ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ । ਹਾਦਸੇ 'ਚ ਜਤਿੰਦਰ ਸਿੰਘ ਅਤੇ ਉਸਦੀਆਂ ਦੋ ਧੀਆਂ ਦੀ ਮੌਤ ਹੋ ਗਈ ਜਦਕਿ ਉਸਦੀ ਪਤਨੀ ਹਰਪ੍ਰੀਤ ਕੋਰ ਅਤੇ 6 ਸਾਲਾ ਬੇਟਾ ਸ਼ਿਵਜੋਤ ਸਿੰਘ ਬੁਰੀ ਤਰ੍ਹਾਂ ਜਖਮੀ ਹੋ ਗਏ। ਕਾਰ ਸਵਾਰ ਮੌਕੇ ਤੋਂ  ਕਾਰ ਸਮੇਤ ਫਰਾਰ ਹੋ ਗਿਆ । ਪੁਲਿਸ ਅਗਲੇਰੀ ਕਾਰਵਾਈ ਕਰ ਰਹੀ ਏ ।

---------------------------------------------------------

ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਬੀਤੇ ਕਈ ਦਿਨਾਂ ਤੋਂ ਅੱਤ ਦੀ ਗਰਮੀ ਪੈ ਰਹੀ ਏ। ਪਰ ਛੇਤੀ ਹੀ ਇਸ ਗਰਮੀ ਤੋਂ ਰਾਹਤ ਮਿਲਣ ਦੀ ਉਮੀਦ ਜ਼ਾਹਰ ਕਰਦਿਆਂ ਮੌਸਮ ਵਿਭਾਗ ਨੇ ਦੋਵਾਂ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਦੇ ਕੁਝ ਹਿੱਸਿਆਂ ਵਿੱਚ ਦੋ ਦਿਨਾਂ ਲਈ ਗਰਜ ਚਮਕ ਦੇ ਨਾਲ ਗੜੇਮਾਰੀ ਹੋਣ ਦੀ ਭਵਿੱਖਬਾਣੀ ਕੀਤੀ ਏ।

ਵਿਭਾਗ ਨੇ ਅੱਜ ਅਤੇ ਕੱਲ੍ਹ 12 ਜੂਨ ਨੂੰ ਇਨ੍ਹਾਂ ਤਿੰਨਾਂ ਥਾਵਾਂ ਲਈ ਓਰੇਂਜ ਅਲਰਟ ਜਾਰੀ ਕੀਤੀ ਏ ਅਤੇ 15 ਜੂਨ ਤੱਕ ਯੈਲੋ ਅਲਰਟ ਜਾਰੀ ਕੀਤਾ ਗਿਆ ਏ। ਇਸ ਦੌਰਾਨ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕੁਝ ਥਾਵਾਂ 'ਤੇ ਗਰਜ ਚਮਕ ਨਾਲ ਹਲਕੀ ਬਾਰਿਸ਼ ਹੋਣ ਦੀ ਸੰਭਾਵਨਾ ਏ। ਇਸ ਦੌਰਾਨ  ਪਠਾਨਕੋਟ ਅਤੇ ਮਾਨਸਾ ਵਿਚ ਮੀਂਹ ਪੈਣਾ ਸ਼ੁਰੂ ਹੋ ਗਿਆ, ਜਦਕਿ ਜਲੰਧਰ ਸਮੇਤ ਹੋਰਨਾਂ ਕਈ ਥਾਵਾਂ 'ਤੇ ਬੱਦਲਵਾਈ ਬਣੀ ਹੋਈ ਏ।

---------------------------------------------------------

- ਸਰਵਉੱਚ ਅਦਾਲਤ ਨੇ ਇੱਕ ਇਤਿਹਾਸਕ ਫ਼ੈਸਲੇ ਵਿੱਚ ਕਿਹਾ - ਘਰੇਲੂ ਔਰਤਾਂ ਦਾ ਕੰਮ ਸਿਰਫ਼ ਘਰੇਲੂ ਕੰਮਕਾਜ ਤਕ ਸੀਮਿਤ ਨਹੀਂ- ਉਨ੍ਹਾਂ ਦਾ ਪਰਿਵਾਰਾਂ ਅਤੇ ਆਉਣ ਵਾਲੀਆਂ ਪੀੜੀਆਂ ਦੇ ਨਿਰਮਾਣ ਵਿੱਚ ਬੇਮਿਸਾਲ ਯੋਗਦਾਨ ਏ।

- ਭਾਰਤੀ ਜਨਤਾ ਪਾਰਟੀ  ਦੇ ਕੌਮੀ ਜਨਰਲ ਸਕੱਤਰ, ਤਰੁਣ ਚੁੱਘ, ਮੱਧ ਪ੍ਰਦੇਸ਼ ਤੋਂ ਰਾਜ ਸਭਾ ਲਈ ਬਿਨਾਂ ਮੁਕਾਬਲਾ ਚੁਣੇ ਗਏ ਨੇ।

- ਹਰਿਆਣਾ ਸਰਕਾਰ ਨੇ ਸੂਬੇ ਭਰ ਦੇ ਸਕੂਲਾਂ ਦੇ 8ਵੀਂ ਜਮਾਤ ਦੇ ਇਤਿਹਾਸ ਦੇ ਪਾਠਕ੍ਰਮ ਵਿੱਚ ਸਿੱਖ ਗੁਰੂਆਂ ਅਤੇ ਬਾਬਾ ਬੰਦਾ ਸਿੰਘ ਬਹਾਦਰ ਦਾ ਇਤਿਹਾਸ ਸ਼ਾਮਲ ਕੀਤਾ ।

- ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵਲੋਂ ਬਠਿੰਡਾ ਵਿੱਚ 140 ਕੁਇੰਟਲ ਗ਼ੈਰ-ਕਾਨੂੰਨੀ ਖਾਦ ਜ਼ਬਤ-ਅਫ਼ਸਰਾਂ ਨੂੰ ਅਚਨਚੇਤ ਚੈਕਿੰਗ ਵਿੱਚ ਤੇਜ਼ੀ ਲਿਆਉਣ ਦੇ ਹੁਕਮ।

- ਫ਼ਰੀਦਕੋਟ-ਫਿਰੋਜ਼ਪੁਰ ਸੜਕ 'ਤੇ ਇਕ ਕਾਰ ਅਤੇ ਮੋਟਰਸਾਈਕਲ ਦੀ ਟੱਕਰ 'ਚ ਇਕੋ ਪਰਿਵਾਰ ਦੇ ਤਿੰਨ ਜਣਿਆਂ ਦੀ ਮੌਤ -ਦੋ ਗੰਭੀਰ ਜਖਮੀ । ਅਤੇ

- ਮੌਸਮ ਵਿਭਾਗ ਵਲੋਂ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਅੱਜ ਤੇ ਕੱਲ ਲਈ ਗਰਜ-ਚਮਕ ਦੇ ਨਾਲ ਗੜੇਮਾਰੀ ਹੋਣ ਬਾਰੇ ਓਰੇਂਜ ਅਲਰਟ ਜਾਰੀ ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵਜੇ ਨਮਸਕਾਰ** !